**ਭੈਰਉ ਮਹਲਾ ੩ ॥ ਮੈ ਕਾਮਣਿ ਮੇਰਾ ਕੰਤੁ ਕਰਤਾਰੁ ॥ ਜੇਹਾ ਕਰਾਏ ਤੇਹਾ ਕਰੀ ਸੀਗਾਰੁ ॥੧॥ ਜਾਂ ਤਿਸੁ ਭਾਵੈ ਤਾਂ ਕਰੇ ਭੋਗੁ ॥ ਤਨੁ ਮਨੁ ਸਾਚੇ ਸਾਹਿਬ ਜੋਗੁ ॥ ੧॥ ਰਹਾਉ ॥ ਉਸਤਤਿ ਨਿੰਦਾ ਕਰੇ ਕਿਆ ਕੋਈ ॥ ਜਾਂ ਆਪੇ ਵਰਤੈ ਏਕੋ ਸੋਈ ॥ ੨॥ ਗੁਰ ਪਰਸਾਦੀ ਪਿਰਮ ਕਸਾਈ ॥ ਮਿਲਉਗੀ ਦਇਆਲ ਪੰਚ ਸਬਦ ਵਜਾਈ ॥੩॥ ਭਨਤਿ ਨਾਨਕੁ ਕਰੇ ਕਿਆ ਕੋਇ ॥ ਜਿਸ ਨੋ ਆਪਿ ਮਿਲਾਵੈ ਸੋਇ ॥੪॥੪॥** {ਪੰਨਾ 1128}

ਪਦਅਰਥ:- ਕਾਮਣਿ—ਇਸਤ੍ਰੀ, ਜੀਵ-ਇਸਤ੍ਰੀ। ਕੰਤੁ—ਖਸਮ। ਕਰੀ—ਕਰੀਂ, ਮੈਂ ਕਰਦੀ ਹਾਂ। ਸੀਗਾਰੁ—(ਆਤਮਕ ਜੀਵਨ ਦਾ) ਸ਼ਿੰਗਾਰ।1।

ਜਾਂ—ਜਦੋਂ। ਤਿਸੁ ਭਾਵੈ—ਉਸ (ਪ੍ਰਭੂ-ਪਤੀ) ਨੂੰ ਚੰਗਾ ਲੱਗਦਾ ਹੈ। ਤਾਂ—ਤਦੋਂ। ਕਰੇ ਭੋਗੁ—(ਮੈਨੂੰ) ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ। ਸਾਚੇ ਸਾਹਿਬ ਜੋਗੁ—ਸਦਾ ਕਾਇਮ ਰਹਿਣ ਵਾਲੇ ਮਾਲਕ ਜੋਗਾ, ਸਦਾ-ਥਿਰ ਪ੍ਰਭੂ-ਪਤੀ ਦੇ ਹਵਾਲੇ ਕਰ ਦਿੱਤਾ ਹੈ।1। ਰਹਾਉ।

ਉਸਤਤਿ—ਸੋਭਾ। ਕਰੇ ਕਿਆ ਕੋਈ—ਕਿਸੇ ਦੀ ਕੀਤੀ ਦਾ ਮੇਰੇ ਉਤੇ ਅਸਰ ਨਹੀਂ ਹੁੰਦਾ। ਆਪੇ—ਪ੍ਰਭੂ ਆਪ ਹੀ। ਵਰਤੈ—(ਉਸਤਤਿ ਕਰਨ ਵਾਲੇ ਅਤੇ ਨਿੰਦਾ ਕਰਨ ਵਾਲੇ ਵਿਚ) ਮੌਜੂਦ ਹੈ। ਸੋਈ—ਉਹ ਆਪ ਹੀ।2।

ਪਰਸਾਦੀ—ਪਰਸਾਦਿ, ਕਿਰਪਾ ਨਾਲ। ਪਿਰਮ ਕਸਾਈ—ਪਿਆਰ ਦੀ ਖਿੱਚ। ਮਿਲਉਗੀ—ਮਿਲਉਂ ਗੀ, ਮੈਂ ਮਿਲਾਂਗੀ। ਪੰਚ ਸਬਦ ਵਜਾਈ—ਪੰਚ ਸਬਦ ਵਜਾਇ, (ਜਿਵੇਂ) ਪੰਜਾਂ ਕਿਸਮਾਂ ਦੇ ਸਾਜ ਵਜਾ ਕੇ (ਬੜਾ ਵਧੀਆ ਸੰਗੀਤਕ ਰਸ ਬਣਦਾ ਹੈ, ਤਿਵੇਂ ਪੂਰਨ ਖਿੜਾਉ-ਆਨੰਦ ਨਾਲ)।3।

ਭਨਤਿ—ਆਖਦਾ ਹੈ। ਕਰੇ ਕਿਆ ਕੋਇ—ਕੋਇ ਕਿਆ ਕਰੇ? ਕੋਈ ਕੀਹ ਵਿਗਾੜ ਸਕਦਾ ਹੈ? ਜਿਸ ਨੋ—{ਲਫ਼ਜ਼ 'ਜਿਸ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ}।4।

ਅਰਥ:- ਹੇ ਸਖੀ! ਮੈਂ ਆਪਣਾ ਤਨ ਆਪਣਾ ਮਨ ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਦੇ ਹਵਾਲੇ ਕਰ ਚੁਕੀ ਹਾਂ, ਜਦੋਂ ਉਸ ਦੀ ਰਜ਼ਾ ਹੁੰਦੀ ਹੈ ਮੈਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ।1। ਰਹਾਉ।

ਹੇ ਸਖੀ! ਮੈਂ (ਜੀਵ-) ਇਸਤ੍ਰੀ ਹਾਂ, ਕਰਤਾਰ ਮੇਰਾ ਪਤੀ ਹੈ, ਮੈਂ ਉਹੋ ਜਿਹਾ ਹੀ ਸਿੰਗਾਰ ਕਰਦੀ ਹਾਂ ਜਿਹੋ ਜਿਹਾ ਆਪ ਕਰਾਂਦਾ ਹੈ (ਮੈਂ ਆਪਣੇ ਜੀਵਨ ਨੂੰ ਉਤਨਾ ਕੁ ਸੋਹਣਾ ਹੀ ਬਣਾ ਸਕਦੀ ਹਾਂ, ਜਿਤਨਾ ਉਹ ਬਣਵਾਂਦਾ ਹੈ)।1।

ਹੇ ਸਖੀ! ਜਦੋਂ (ਹੁਣ ਮੈਨੂੰ ਨਿਸਚਾ ਹੋ ਗਿਆ ਕਿ) ਇਕ ਪਰਮਾਤਮਾ ਹੀ ਸਭ ਵਿਚ ਬੈਠਾ ਪ੍ਰੇਰਨਾ ਕਰ ਰਿਹਾ ਹੈ (ਉਸਤਤਿ ਕਰਨ ਵਾਲਿਆਂ ਵਿਚ ਭੀ ਉਹੀ, ਨਿੰਦਾ ਕਰਨ ਵਾਲਿਆਂ ਵਿਚ ਭੀ ਉਹੀ), ਕਿਸੇ ਦੀ ਕੀਤੀ ਉਸਤਤਿ ਜਾਂ ਨਿੰਦਾ ਦਾ ਹੁਣ ਮੇਰੇ ਉਤੇ ਕੋਈ ਅਸਰ ਨਹੀਂ ਪੈਂਦਾ।2।

ਹੇ ਸਖੀ! ਗੁਰੂ ਦੀ ਕਿਰਪਾ ਨਾਲ (ਮੇਰੇ ਅੰਦਰ ਪ੍ਰਭੂ-ਪਤੀ ਵਾਸਤੇ) ਪਿਆਰ ਦੀ ਖਿੱਚ ਬਣ ਗਈ ਹੈ, ਹੁਣ ਮੈਂ ਉਸ ਦਇਆ ਦੇ ਸੋਮੇ ਪ੍ਰਭੂ ਨੂੰ ਪੂਰਨ ਖਿੜਾਉ-ਆਨੰਦ ਨਾਲ ਮਿਲਦੀ ਹਾਂ।3।

ਨਾਨਕ ਆਖਦਾ ਹੈ—(ਹੇ ਸਖੀ!) ਜਿਸ ਜੀਵ ਨੂੰ ਉਹ ਪ੍ਰਭੂ ਆਪ ਹੀ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ, ਕੋਈ ਭੀ ਹੋਰ ਜੀਵ ਉਸ ਦਾ ਕੁਝ ਵਿਗਾੜ ਨਹੀਂ ਸਕਦਾ।4। 4।

ਜ਼ਰੂਰੀ ਨੋਟ:- ਇਸੇ ਹੀ ਰਾਗ ਵਿਚ ਭਗਤ ਨਾਮਦੇਵ ਜੀ ਦਾ ਸ਼ਬਦ ਨੰ: 4 ਪੜ੍ਹੋ, ਜਿਸ ਦੀ ਪਹਿਲੀ ਤੁਕ ਹੈ "ਮੈ ਬਉਰੀ ਮੇਰਾ ਰਾਮੁ ਭਤਾਰੁ"। ਭਗਤ ਨਾਮਦੇਵ ਜੀ ਦੀ ਬਾਣੀ ਦੇ ਟੀਕੇ ਵਿਚ ਇਹਨਾਂ ਦੋਹਾਂ ਸ਼ਬਦਾਂ ਦੀ ਸਾਂਝ ਬਾਰੇ ਵਿਚਾਰ ਪੜ੍ਹੋ।